# 7 ਕਿਲੋ ਭੁੱਕੀ ਚੂਰਾ ਪੋਸਤ ਸਮੇਤ ਦੋ ਕਾਬੂ

ਸ੍ਰੀ ਕੀਰਤਪੁਰ ਸਾਹਿਬ, 25 ਅਪ੍ਰੈਲ (ਰਾਜਬੀਰ, ਬਾਲੀ)-ਥਾਣਾ ਕੀਰਤਪੁਰ ਸਾਹਿਬ ਪੁਲਸ ਵੱਲੋਂ ਦੋ ਵਿਅਕਤੀਆਂ ਕੋਲੋਂ 7 ਕਿੱਲੋ ਭੁੱਕੀ ਚੂਰਾ ਪੋਸਤ ਬਰਾਮਦ ਕੀਤਾ ਗਿਆ ਹੈ। ਇਸ ਸਬੰਧ 'ਚ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਗੁਰਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਭਰਤਗੜ੍ਹ ਚੌਕੀ ਇੰਚਾਰਜ ਸਬ ਇੰਸਪੈਕਟਰ ਅਵਤਾਰ ਸਿੰਘ ਦੀ ਅਗਵਾਈ ਵਿਚ ਉਨ੍ਹਾਂ ਦੀ ਪੁਲਸ ਪਾਰਟੀ ਦੁਆਰਾ ਬੇਲੀਆਂ ਰੇਲਵੇ ਫਾਟਕ ਦੇ ਨਜ਼ਦੀਕ ਨਾਕਾਬੰਦੀ ਕੀਤੀ ਹੋਈ ਸੀ। ਇਸ ਦੌਰਾਨ ਦੋ ਮੋਟਰਸਾਈਕਲ ਸਵਾਰ ਮੁੱਖ ਮਾਰਗ ਤੋਂ ਬੇਲੀਆ ਲਿੰਕ ਸੜਕ 'ਤੇ ਆ ਰਹੇ ਸਨ ਨਾਕਾ ਲੱਗਿਆ ਦੇਖ ਕੇ ਉਹ ਜਿਵੇਂ ਹੀ ਪਿੱਛੇ ਨੂੰ ਮੁੜਨ ਲੱਗੇ ਤਾਂ ਪੁਲਸ ਨੂੰ ਉਨ੍ਹਾਂ 'ਤੇ ਸ਼ੱਕ ਹੋਇਆ ਅਤੇ ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਗਈ ਤਾਂ ਪਲਾਸਟਿਕ ਦੇ ਬੈਗ 'ਚੋਂ 7 ਕਿਲੋ ਭੁੱਕੀ ਬਰਾਮਦ ਹੋਈ। ਇਨ੍ਹਾਂ ਵਿਅਕਤੀਆਂ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਅਧੀਨ ਮਾਮਲਾ ਦਰਜ ਕਰ ਲਿਆ ਹੈ ਅਤੇ ਮੁਲਜ਼ਮਾਂ ਦੀ ਪਛਾਣ ਜਸਵਿੰਦਰ ਕੁਮਾਰ ਪੁੱਤਰ ਸੁਰਿੰਦਰ ਕੁਮਾਰ ਨਿਵਾਸੀ ਡੇਲੇਵਾਲ ਥਾਣਾ ਨੂਰਪੁਰ ਬੇਦੀ ਅਤੇ ਹਰਪ੍ਰੀਤ ਚੰਦ ਪੁੱਤਰ ਰਾਮਪਾਲ ਨਿਵਾਸੀ ਪਿੰਡ ਕਰਤਾਰਪੁਰ ਥਾਣਾ ਨੂਰਪੁਰਬੇਦੀ ਦੇ ਰੂਪ ਵਿਚ ਹੋਈ ਹੈ। ਉਨ੍ਹਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ ਅਤੇ ਮੰਗਲਵਾਰ ਸਵੇਰੇ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।

ਜਗ ਬਾਣੀ
ਈ-ਪੇਪਰ
Tue,26 April 2022
Edition: roopnagar bani, Page no. 1